ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ
ਚੌਥੀ ਮੰਜ਼ਿਲ, ਵਿਦਿਆ ਭਵਨ, ਪੰ.ਸ.ਸਿੱ.ਬੋਰਡ ਕੰਪਲੈਕਸ, ਫੇਜ਼-VIII, ਐਸ.ਏ.ਐਸ. ਨਗਰ।
(ਕੋਆਰਡੀਨੇਸ਼ਨ ਸ਼ਾਖਾ)

dpise.coordination@punjabeducation.gov.in

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।
2. ਸਮੂਹ ਸਕੂਲ ਮੁਖੀ, ਪੰਜਾਬ।

(ਵੈਬਸਾਈਟ ਰਾਹੀਂ)

ਮੀਮੋ ਨੰ. 443082/DPISE/5/2023-Cord/2026 283976
ਮਿਤੀ 06-10-2026

ਵਿਸ਼ਾ: ਤਰਸ ਦੇ ਆਧਾਰ ਤੇ ਭਰਤੀ ਗਰੁੱਪ-ਸੀ (ਕਲਰਕ) ਦੇ ਟਾਈਪ ਟੈਸਟ ਸਬੰਧੀ।

ਹਵਾਲਾ: ਪੰਜਾਬ ਸਰਕਾਰ, ਪ੍ਰਸੋਨਲ ਵਿਭਾਗ (ਪ੍ਰਸੋਨਲ ਪਾਲਿਸੀਜ਼-2 ਸ਼ਾਖਾ) ਦਾ ਪੱਤਰ ਨੰ. PERS-PP-20PLCY/2030-3PP2/479 ਮਿਤੀ 29.09.2026.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

ਸੁਪਰਡੰਟ (ਕੋਆਰਡੀਨੇਸ਼ਨ)

ਪਿੱ.ਅੰ.ਨੰ. ਉਕਤ/2026 283977 – 979

ਮਿਤੀ 06-10-2026

ਉਤਾਰਾ ਹੇਠ ਲਿਖਿਆ ਨੂੰ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਡੀ.ਜੀ.ਐਸ.ਈ. ਪੰਜਾਬ।
2. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਡੀ.ਐਸ.ਈ. (ਸੈ/ਐ), ਪੰਜਾਬ।
3. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਐਸ.ਸੀ.ਈ.ਆਰ.ਟੀ. ਪੰਜਾਬ।

ਸੁਪਰਡੰਟ (ਕੋਆਰਡੀਨੇਸ਼ਨ)

PERS-PP-20PLCY/2020-3PP2/479

ਮਿਤੀ, ਚੰਡੀਗੜ੍ਹ: 29.09.2026

**ਪੰਜਾਬ ਸਰਕਾਰ**
**ਪ੍ਰਸੋਨਲ ਵਿਭਾਗ**
**(ਪ੍ਰਸੋਨਲ ਪਾਲਿਸੀਜ਼-2 ਸ਼ਾਖਾ)**

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸ਼ਨਰਜ਼,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ,
ਡਿਪਟੀ ਕਮਿਸ਼ਨਰਜ਼ ਅਤੇ ਉਪ ਡਵੀਜ਼ਨਲ ਮੈਜਿਸਟ੍ਰੇਟ, ਪੰਜਾਬ।

**ਵਿਸ਼ਾ:-** **ਤਰਸ ਦੇ ਅਧਾਰ ਤੇ ਭਰਤੀ ਗਰੁੱਪ-ਸੀ (ਕਲਰਕ) ਦੇ ਟਾਈਪ ਟੈਸਟ ਸਬੰਧੀ।**

*****

ਸ੍ਰੀਮਾਨ/ਸ੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਪ੍ਰਸੋਨਲ ਵਿਭਾਗ ਵੱਲੋਂ ਪਹਿਲਾਂ ਜਾਰੀ ਪੱਤਰ ਨੰਬਰ 11/35/92-2PP1/7962 ਮਿਤੀ 09.06.1992, ਪੱਤਰ ਨੰਬਰ PERS-PP-20PLCY/2020-3PP2/67-69 ਮਿਤੀ 25.03.2021 ਅਤੇ ਪੱਤਰ ਨੰਬਰ 12/23/2023-1PP2/43-44 ਮਿਤੀ 30.01.2024 ਦੀ ਲਗਾਤਾਰਤਾ ਵਿੱਚ ਹੇਠ ਅਨੁਸਾਰ ਲਿਖਣ ਦੀ ਹਦਾਇਤ ਹੋਈ ਹੈ:-

ੳ) ਪ੍ਰਸੋਨਲ ਵਿਭਾਗ ਦੀਆਂ ਹਦਾਇਤਾਂ ਮਿਤੀ 25.03.2021 ਅਨੁਸਾਰ ਤਰਸ ਦੇ ਆਧਾਰ ਤੇ ਕਲਰਕ (ਗਰੁੱਪ-ਸੀ) ਨਿਯੁਕਤ ਹੋਣ ਵਾਲੇ ਕਰਮਚਾਰੀ ਜੇਕਰ ਇੱਕ ਸਾਲ ਦੇ ਅੰਦਰ-ਅੰਦਰ ਟਾਈਪ ਟੈਸਟ ਪਾਸ ਨਹੀਂ ਕਰਦੇ ਸਨ ਤਾਂ ਦਰਜਾ-4 ਦੀ ਆਸਾਮੀ ਆਫਰ ਕੀਤੀ ਜਾਂਦੀ ਸੀ, ਦੀ ਸ਼ਰਤ ਹਟਾਈ ਜਾਂਦੀ ਹੈ। ਪ੍ਰੰਤੂ ਨਿਯੁਕਤੀ ਦੀ ਮਿਤੀ ਤੋਂ ਇੱਕ (1) ਸਾਲ ਦੇ ਅੰਦਰ-ਅੰਦਰ ਪੰਜਾਬੀ ਅਤੇ ਅੰਗਰੇਜੀ ਦਾ ਟਾਈਪ ਟੈਸਟ ਨਿਰਧਾਰਿਤ ਸਪੀਡ ਤੇ ਪਾਸ ਕਰਨਾ ਹੋਵੇਗਾ।

ਅ) ਟਾਈਪ ਟੈਸਟ ਪਾਸ ਨਾ ਹੋਣ ਦੀ ਸਥਿਤੀ ਵਿੱਚ ਪਰਖਕਾਲ (Probation) ਪਾਰ ਕਰਨ ਦੀ ਸ਼ਰਤ ਤੇ ਕੋਈ ਅਸਰ ਨਹੀਂ ਹੋਵੇਗਾ। ਪਰ ਪਰਖਕਾਲ ਸਮਾਂ ਪੂਰਾ ਹੋਣ ਉਪਰੰਤ ਮਿਲਣ ਵਾਲੀ ਸਾਲਾਨਾ ਤਰੱਕੀ (increment) ਪੰਜਾਬੀ ਅਤੇ ਅੰਗਰੇਜੀ ਦਾ ਟਾਈਪ ਟੈਸਟ ਨਿਰਧਾਰਿਤ ਸਪੀਡ ਤੇ ਪਾਸ ਕਰਨ ਉਪਰੰਤ ਹੀ ਮਿਲਣਯੋਗ ਹੋਵੇਗੀ। ਟਾਈਪ ਟੈਸਟ ਪਾਸ ਕਰਨ ਦੀ ਮਿਤੀ ਤੋਂ ਪਹਿਲਾਂ ਦਾ ਕੋਈ ਬਕਾਇਆ (only arrears) ਮਿਲਣਯੋਗ ਨਹੀਂ ਹੋਵੇਗਾ।

ੲ) ਸਮੂਹ ਪ੍ਰਬੰਧਕੀ ਵਿਭਾਗਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਾਲ ਵਿੱਚ ਘੱਟੋ-ਘੱਟ ਚਾਰ (4) ਵਾਰ ਵਿਭਾਗ / ਦਫਤਰ ਦੇ ਪੱਧਰ ਤੇ ਟਾਈਪ ਟੈਸਟ ਲੈਣਾ ਯਕੀਨੀ ਬਣਾਇਆ ਜਾਵੇ।

ਸ) ਹਦਾਇਤਾਂ ਮਿਤੀ 30.01.2024 ਅਨੁਸਾਰ ਪੱਤਰ ਜਾਰੀ ਹੋਣ ਦੀ ਮਿਤੀ ਤੋਂ ਤਰਸ ਦੇ ਆਧਾਰ ਤੇ ਕਲਰਕ (ਗਰੁੱਪ-ਸੀ) ਭਰਤੀ ਹੋਈਆਂ ਮ੍ਰਿਤਕ ਕਰਮਚਾਰੀਆਂ ਦੀਆਂ ਵਿਧਵਾਵਾਂ ਨੂੰ ਟਾਈਪ ਟੈਸਟ ਤੋਂ ਛੋਟ ਦਿੱਤੀ ਗਈ ਸੀ। ਹੁਣ ਮ੍ਰਿਤਕ ਕਰਮਚਾਰੀਆਂ ਦੀਆਂ ਵਿਧਵਾਵਾਂ ਜੋ ਮਿਤੀ 30.01.2024 ਤੋਂ ਪਹਿਲਾਂ ਤਰਸ ਦੇ ਆਧਾਰ ਤੇ ਕਲਰਕ (ਗਰੁੱਪ-ਸੀ) ਭਰਤੀ ਹੋਈਆਂ ਸਨ, ਨੂੰ ਵੀ ਟਾਈਪ ਟੈਸਟ ਤੋਂ ਛੋਟ ਦਿੱਤੀ ਜਾਂਦੀ ਹੈ।

/.....

2 ਇਹ ਪੱਤਰ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।

3 ਇਹ ਹਦਾਇਤਾਂ ਸਾਰੇ ਸਬੰਧਤ ਅਧਿਕਾਰੀਆਂ/ਕਰਮਚਾਰੀਆਂ ਸਮੇਤ ਅਮਲਾ ਸ਼ਾਖਾਵਾਂ ਦੇ ਧਿਆਨ ਵਿੱਚ ਲਿਆ ਦਿੱਤੀਆਂ ਜਾਣ।

ਸੁਪਰਡੰਟ 29/1

ਉਪਰੋਕਤ ਦਾ ਇੱਕ ਉਤਾਰਾ ਸਮੂਹ ਵਿਸ਼ੇਸ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰਜ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ 29/1

ਸੇਵਾ ਵਿਖੇ

ਵਿਸ਼ੇਸ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ,<br>
ਵਿੱਤੀ ਕਮਿਸ਼ਨਰਜ, ਪ੍ਰਮੁੱਖ ਸਕੱਤਰ ਅਤੇ<br>
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ:ਵਿ:ਪੱ:ਨੰ: PERS-PP-20PLCY/2020-3PP2/480 ਮਿਤੀ, ਚੰਡੀਗੜ੍ਹ: 29.09.2026